# ਚੰਗੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ

ਨਿੱਜੀ ਪੱਤਰ ਪ੍ਰੇਰਕ

ਚਮਕੌਰ ਸਾਹਿਬ, 25 ਮਈ

ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦਾ ਦਸੰਬਰ 2016 ਵਿੱਚ ਲਈਆਂ ਪ੍ਰੀਖਿਆਵਾਂ ਵਿੱਚ ਕਈ ਜਮਾਤਾਂ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਕਮੇਟੀ ਦੇ ਮੈਨੇਜਰ ਸੁਖਵਿੰਦਰ ਸਿੰਘ ਵਿਸਕੀ ਨੇ ਦੱਸਿਆ ਕਿ ਇਨ੍ਹਾਂ ਨਤੀਜਿਆਂ ਵਿੱਚ ਐੱਮਐੱਸਸੀ (ਬਾਇਓਟੈੱਕ) ਭਾਗ ਦੂਜਾ ਦੀ ਵਿਦਿਆਰਥਣ ਕਰਮਜੀਤ ਕੌਰ ਨੇ 76 ਫ਼ੀਸਦੀ ਅੰਕ ਲੈ ਕੇ ਕਾਲਜ ਵਿੱਚੋਂ ਪਹਿਲਾ ਤੇ ਰਮਨਪ੍ਰੀਤ ਕੌਰ 75 ਫ਼ੀਸਦੀ ਅੰਕ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ। ਐੱਮਐੱਸਸੀ (ਬਾਇਓਟੈੱਕ) ਭਾਗ ਪਹਿਲਾ ਦੀ ਹਰਮਨਪ੍ਰੀਤ ਕੌਰ ਨੇ 78 ਫ਼ੀਸਦੀ ਅਤੇ ਅਮਨਪ੍ਰੀਤ ਕੌਰ 77 ਫ਼ੀਸਦੀ ਅੰਕ ਲੈ ਕੇ ਕ੍ਰਮਵਾਰ ਪਹਿਲਾ ਤੇ ਦੂਜਾ ਸਥਾਨ ਪ੍ਰਾਪਤ ਕੀਤਾ। ਬੀਐੱਸਸੀ (ਬਾਇਓਟੈੱਕ) ਭਾਗ ਦੂਜਾ ਦੀ ਦਵਿੰਦਰ ਕੌਰ ਨੇ 84 ਫ਼ੀਸਦੀ ਅਤੇ ਪ੍ਰਭਜੋਤ ਕੌਰ ਨੇ 71 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਤੇ ਦੂਜਾ ਸਥਾਨ ਹਾਸਲ ਕੀਤਾ। ਕਾਲਜ ਦੇ ਪ੍ਰਿੰਸੀਪਲ ਪ੍ਰੋ. ਸੁਰਮੁੱਖ ਸਿੰਘ ਨੇ ਦੱਸਿਆ ਕਿ ਮੈਨੇਜਮੈਂਟ ਵਿਭਾਗ ਦੇ ਬੀਬੀਏ ਭਾਗ ਤੀਜਾ ਦੇ ਕਈ ਵਿਦਿਆਰਥੀਆਂ ਨੇ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਜਿੱਥੇ ਕਾਲਜ ਦਾ ਨਾਂ ਰੌਸ਼ਨ ਕੀਤਾ, ਉੱਥੇ ਹੀ ਰਾਜਵੰਤ ਕੌਰ ਤੇ ਰੁਪਿੰਦਰ ਕੌਰ ਨੇ 81 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਅਤੇ ਅਮਰਜੀਤ ਕੌਰ ਤੇ ਸ਼ਿਵਾਨੀ ਨੇ 78 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ। ਬੀ.ਕਾਮ ਭਾਗ ਤੀਜਾ ਦੀ ਵੰਦਨਾ ਨੇ 84 ਫ਼ੀਸਦੀ ਤੇ ਬੀ.ਕਾਮ ਭਾਗ ਦੂਜਾ ਦੀ ਜਸਕੀਰਤ ਕੌਰ ਨੇ 83 ਫ਼ੀਸਦੀ ਅੰਕ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਚੰਗੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲਿਆਂ ਨੂੰ ਕਾਲਜ ਪ੍ਰਬੰਧਕਾਂ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਪ੍ਰੋ. ਮਮਤਾ ਅਰੋੜਾ, ਪ੍ਰੋ. ਗੁਰਲਾਲ ਸਿੰਘ, ਪ੍ਰੋ. ਇਸ਼ੂ ਬਾਲਾ, ਪ੍ਰੋ. ਮਨਪ੍ਰੀਤ ਕੌਰ, ਡਾ. ਅਮਰਪ੍ਰੀਤ ਸਿੰਘ, ਡਾ. ਪਰਵਿੰਦਰ ਕੌਰ, ਪ੍ਰੋ. ਰਮਨਦੀਪ ਕੌਰ ਆਦਿ ਹਾਜ਼ਰ ਸਨ।



ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਜਾਣ ਦਾ ਦ੍ਰਿਸ਼। ਫੋਟੋ : ਬੱਬੀ